੧ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 07-03-2025 (24 ਫੱਗਣ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 274 ਦੀ ਨਕਲ :-**

ਪੂਰਨ ਸਿੰਘ ਦੇਸਲ (ਸਪੁੱਤਰ ਸ੍ਰ. ਬੁੱਧ ਸਿੰਘ) ਵਾਸੀ ਮੁਹੱਲਾ ਲੱਖਣਪਾਲ, ਨੂਰਮਹਿਲ ਜਿਲ੍ਹਾ ਜਲੰਧਰ ਸਾਬਕਾ ਡਰਾਈਵਰ ਆਸ਼ੂਤੋਸ ਨੂਰਮਹਿਲ ਵਲੋਂ ਦਿਵਿਆ ਜੋਤੀ ਜਾਗਰਤੀ ਸੰਸਥਾਨ ਨੂਰਮਹਿਲ ਦੇ ਨਾਲ ਕੇਸ ਚਲ ਰਿਹਾ ਹੋਣ ਅਤੇ ਵਕੀਲ ਦੀ ਫੀਸ ਦੇਣ ਤੋਂ ਅਸਮਰਥਾ ਪ੍ਰਗਟ ਕਰਦਿਆਂ ਵਕੀਲ ਦੀ ਫੀਸ ਦੇਣ ਲਈ ਸਹਾਇਤਾ ਲੈਣ ਦੀ ਮੰਗ ਪੁੱਜੀ ਹੈ। ਸ੍ਰ. ਗੁਰਚਰਨ ਸਿੰਘ ਜੀ ਗਰੇਵਾਲ ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸ਼ਿਫਾਰਸ਼ ਕੀਤੀ ਗਈ ਹੈ। **ਮਾਮਲਾ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਪੂਰਨ ਸਿੰਘ ਦੇਸਲ (ਸਪੁੱਤਰ ਸ੍ਰ. ਬੁੱਧ ਸਿੰਘ) ਵਾਸੀ ਮੁਹੱਲਾ ਲੱਖਣਪਾਲ, ਨੂਰਮਹਿਲ ਜਿਲ੍ਹਾ ਜਲੰਧਰ ਨੂੰ ਧਰਮ ਅਰਥ ਫੰਡ ਵਿਚੋਂ 1,00,000/-ਅੱਖਰੀਂ ਇੱਕ ਲੱਖ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

****************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93382(T) ਮਿਤੀ 10-3 -2025

ਉਤਾਰਾ: 1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 17-03-2025 (04 ਚੇਤ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 334 ਦੀ ਨਕਲ :-**

ਪ੍ਰਿੰਸੀਪਲ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ, ਲੱਧੇਵਾਲ, ਮਾਹਿਲਪੁਰ (ਹੁਸ਼ਿਆਰਪੁਰ) ਦੀ ਪੱਤ੍ਰਿਕਾ ਨੰਬਰ 5797 ਮਿਤੀ 29-02-2025 ਅਨੁਸਾਰ ਵਿਦਿਆਰਥੀ ਅਰਸ਼ਪ੍ਰੀਤ ਸਿੰਘ ਕਲਾਸ ਛੇਵੀਂ (ਸੀ) ਵੱਲੋਂ ਮਿਤੀ 27-07-2024 ਨੂੰ ਸਕੂਲ ਵਿਖੇ ਪੈੱਨ ਦਾ ਪਿਛਲਾ ਹਿੱਸਾ ਗਲਤੀ ਨਾਲ ਅੰਦਰ ਨਿਗਲ ਲਿਆ ਸੀ, ਜੋ ਕਿ ਫੇਫੜਿਆ ਅੰਦਰ ਚੱਲਾ ਗਿਆ ਜਿਸਦੇ ਇਲਾਜ ਪੁਰ 60,759/-ਅੱਖਰੀਂ ਸੱਠ ਹਜ਼ਾਰ ਸੱਤ ਸੌ ਉਨਾਹਠ ਰੁਪਏ ਖਰਚ ਆਏ ਹਨ। ਪਰਿਵਾਰ ਦੀ ਆਰਥਿਕ ਹਾਲਤ ਕਮਜੋਰ ਹੋਣ ਕਰਕੇ ਪ੍ਰਿੰਸੀਪਲ ਵੱਲੋਂ ਇਲਾਜ ਪੁਰ ਖਰਚ ਹੋਈ ਉਪਰੋਕਤ ਰਕਮ ਸਹਾਇਤਾ ਵਜੋਂ ਦੇਣ ਦੀ ਕੀਤੀ ਸਿਫਾਰਸ਼ ਦਾ ਮਾਮਲਾ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਵਿਦਿਆਰਥੀ ਅਰਸ਼ਪ੍ਰੀਤ ਸਿੰਘ ਬੈਂਸ (ਸਪੁੱਤਰ ਸ੍ਰ. ਮਨਪ੍ਰੀਤ ਸਿੰਘ) ਨੂੰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਧਰਮ ਅਰਥ ਫੰਡ ਵਿੱਚੋਂ 60,759/-ਅੱਖਰੀਂ ਸੱਠ ਹਜ਼ਾਰ ਸੱਤ ਸੌ ਉਨਾਹਠ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**
*****************************************************
ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93515 (T)

ਮਿਤੀ 20-03-2025

ਉਤਾਰਾ:
1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਪ੍ਰਿੰਸੀਪਲ ਜੀ, ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ, ਲੱਧੇਵਾਲ, ਮਾਹਿਲਪੁਰ (ਹੁਸ਼ਿਆਰਪੁਰ)
-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਕੁਲਵੰਤ ਸਿੰਘ ਮੰਨਣ)**
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 17-03-2025 (04 ਚੇਤ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 343 ਦੀ ਨਕਲ :-**

ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ 262 ਮਿਤੀ 10-02-2025 ਰਾਹੀਂ ਹਲਕਾ ਜਲਾਲਾਬਾਦ ਫਾਜਿਲਕਾ ਵਿਖੇ ਮਿਤੀ 31-01-2025 ਨੂੰ ਹੋਏ ਭਿਆਨਕ ਸੜਕ ਹਾਦਸੇ ਵਿਚ ਗਰੀਬ ਪਰਿਵਾਰਾਂ ਦੇ ਵਿਅਕਤੀਆਂ ਦੀ ਮੌਤ ਹੋ ਜਾਣ ਕਾਰਨ ਜਿਨ੍ਹਾਂ ਮ੍ਰਿਤਕਾਂ ਦੇ ਦਸਤਾਵੇਜ਼/ਰੀਕਾਰਡ ਪੁੱਜੇ ਸਨ ਉਨ੍ਹਾਂ ਦੇ ਪਰਿਵਾਰਾਂ ਨੂੰ 20000/-20000/-ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਹੋਈ ਸੀ। ਉਨ੍ਹਾਂ ਵਿਚੋਂ ਦੋ ਮ੍ਰਿਤਕਾਂ ਦਾ ਉਸ ਸਮੇਂ ਰੀਕਾਰਡ ਨਾ ਮਿਲਣ ਕਾਰਨ ਹੇਠ ਲਿਖੇ ਅਨੁਸਾਰ ਪ੍ਰਵਾਨਗੀ ਹੋਣ ਤੋਂ ਰਹਿ ਗਈ ਸੀ। ਸ੍ਰ. ਦਰਸ਼ਨ ਸਿੰਘ ਬਰਾੜ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਇਨ੍ਹਾਂ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਵੀ 20000/-20000/-ਰੁਪਏ ਦੇਣ ਦੀ ਸਿਫਾਰਸ਼ ਕੀਤੀ ਗਈ ਹੈ:-

1. ਮ੍ਰਿਤਕ ਸੁਖਵਿੰਦਰ ਸਿੰਘ (ਸਪੁੱਤਰ ਸ੍ਰ. ਮਹਿੰਦਰ ਸਿੰਘ) ਚੌਂਕ ਰੋਹੀ ਵਾਲਾ ਫਾਜਿਲਕਾ (ਵਾਰਸ ਬੀਬੀ ਰਛਪਾਲ ਕੌਰ, ਸੁਪਤਨੀ ਸ੍ਰ. ਮਹਿੰਦਰ ਸਿੰਘ) ਮ੍ਰਿਤਕ ਦੀ ਮਾਤਾ।
2. ਗੋਬਿੰਦਾ (ਸਪੁੱਤਰ ਸ੍ਰੀ ਕਾਕੂ) ਸ੍ਰੀ ਮੁਕਤਸਰ ਰੋਡ, ਗੁਰੂ ਹਰਿਸਹਾਏ, ਫਿਰੋਜਪੁਰ (ਵਾਰਸ ਕਾਕੂ) ਮ੍ਰਿਤਕ ਦਾ ਪਿਤਾ।

**ਦਾ ਮਾਮਲਾ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਮ੍ਰਿਤਕ ਸੁਖਵਿੰਦਰ ਸਿੰਘ (ਸਪੁੱਤਰ ਸ੍ਰ. ਮਹਿੰਦਰ ਸਿੰਘ) ਦੀ ਵਾਰਸ ਬੀਬੀ ਰਛਪਾਲ ਕੌਰ (ਸੁਪਤਨੀ ਸ. ਮਹਿੰਦਰ ਸਿੰਘ) ਅਤੇ ਮ੍ਰਿਤਕ ਗੋਬਿੰਦਾ (ਸਪੁੱਤਰ ਸ੍ਰੀ ਕਾਕੂ) ਦੇ ਵਾਰਸ ਸ੍ਰੀ ਕਾਕੂ (ਸਪੁੱਤਰ ਸ੍ਰੀ ਸੱਗਾ ਰਾਮ) ਨੂੰ "ਧਰਮ ਅਰਥ ਫੰਡ" ਵਿੱਚੋਂ 20,000/-, 20,000/- ਅੱਖਰੀਂ ਵੀਹ-ਵੀਹ ਹਜ਼ਾਰ ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੭੩੫੭੦(T)

ਮਿਤੀ ੨੦-੦੩ -2025

ਉਤਾਰਾ: 1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 17-03-2025 (04 ਚੇਤ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 350 ਦੀ ਨਕਲ :-**

ਭਾਰਤ ਸਰਕਾਰ ਵੱਲੋਂ ਲਿਆਂਦੀ ਗਈ ਨਵੀਂ ਸਿੱਖਿਆ ਨੀਤੀ 2020 ਦੇ ਮੁਲਾਕਣ ਸਬੰਧੀ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੇ ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਕੀਤੇ ਆਦੇਸ਼ ਦਾ ਮਾਮਲਾ, ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਸੀਨੀਅਰ ਮੀਤ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਕੇਂਦਰ ਸਰਕਾਰ ਦੀ ਨਵੀਂ ਸਿੱਖਿਆ ਨੀਤੀ ਦੀ ਪੜਚੋਲ ਕਰਨ ਵਾਸਤੇ ਅਕਾਦਮਿਕ ਵਿਦਵਾਨਾਂ ਦੀ ਇੱਕ ਕਮੇਟੀ ਬਣਾਈ ਜਾਵੇਗੀ। ਇਹ ਕਮੇਟੀ ਪੰਜਾਬ ਦੇ ਸੰਦਰਭ ਵਿੱਚ ਇਸ ਸਿੱਖਿਆ ਨੀਤੀ ਅੰਦਰ ਕੀ-ਕੀ ਸੁਧਾਰ ਲੋੜੀਂਦੇ ਹਨ ਇਸ ਬਾਰੇ ਮੁਲਾਂਕਣ ਕਰੇਗੀ, ਜਿਸ ਦੀ ਰਿਪੋਰਟ ਦੇ ਅਧਾਰ ’ਤੇ ਇਹ ਮਾਮਲਾ ਕੇਂਦਰ ਸਰਕਾਰ ਪਾਸ ਉਠਾਇਆ ਜਾਵੇਗਾ।

ਇਹੀ ਕਮੇਟੀ ਪੰਜਾਬੀ ਗੁਰਮੁਖੀ ਨੂੰ ਮੌਜੂਦਾ ਚੁਣੌਤੀਆਂ ’ਤੇ ਵੀ ਮੰਥਨ ਕਰੇਗੀ ਅਤੇ ਜੋ ਵੀ ਸੁਝਾਅ ਸਾਹਮਣੇ ਆਉਣਗੇ ਉਨ੍ਹਾਂ ਨੂੰ ਲਾਗੂ ਕੀਤਾ ਜਾਵੇਗਾ।

ਕਮੇਟੀ ਗਠਿਤ ਕਰਨ ਦੇ ਅਧਿਕਾਰ ਪ੍ਰਧਾਨ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦਿੱਤੇ ਜਾਂਦੇ ਹਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**
**************************************************
ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93557 (T)

ਮਿਤੀ 25-03-2025

ਉਤਾਰਾ: 1. ਨਿੱਜੀ ਸਕੱਤਰ ਜੀ (ਪ੍ਰਧਾਨ ਸਾਹਿਬ) ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 17-03-2025 (04 ਚੇਤ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 352 ਦੀ ਨਕਲ :-**

ਪੰਜਾਬ ਅੰਦਰ ਵੱਧ ਰਹੇ ਪਤਿਤਪੁਣੇ, ਨਸ਼ਿਆਂ ਅਤੇ ਧਰਮ ਪਰਿਵਰਤਨ ਦੇ ਮਾਮਲਿਆਂ ਨੂੰ ਠੱਲਣ ਲਈ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਹੋਲਾ ਮੁਹੱਲਾ ਮੌਕੇ ਦਿੱਤੇ ਸੰਦੇਸ਼ ਦੇ ਮੱਦੇਨਜ਼ਰ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਸੀਨੀਅਰ ਮੀਤ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਉਕਤ ਸਬੰਧੀ ਇੱਕ ਪ੍ਰਚੰਡ ਧਰਮ ਪ੍ਰਚਾਰ ਲਹਿਰ ਅੱਗੇ ਵਧਾਈ ਜਾਵੇਗੀ ਜੋ ਘਰ-ਘਰ ਤੱਕ ਪਹੁੰਚ ਕਰੇਗੀ। ਇਹ ਲਹਿਰ ਇਸੇ ਸਾਲ 13 ਅਪ੍ਰੈਲ ਨੂੰ ਖਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਸ਼ੁਰੂ ਕੀਤੀ ਜਾਵੇਗੀ। ਇਸ ਦੀ ਆਰੰਭਤਾ ਮੌਕੇ ਤਖਤ ਸਾਹਿਬਾਨਾਂ 'ਤੇ ਵੱਡੇ ਅੰਮ੍ਰਿਤ ਸੰਚਾਰ ਸਮਾਗਮ ਕੀਤੇ ਜਾਣਗੇ। ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਇਤਿਹਾਸਕ ਖੰਡੇ ਨਾਲ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ। ਧਰਮ ਪ੍ਰਚਾਰ ਦੀ ਇਹ ਲਹਿਰ ਇਸ ਸਾਲ ਆ ਰਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350ਵੇਂ ਗੁਰਿਆਈ ਦਿਵਸ ਦੀ ਸ਼ਤਾਬਦੀ ਨੂੰ ਸਮਰਪਿਤ ਹੋਵੇਗੀ।

ਇਹ ਵੀ ਪ੍ਰਵਾਨ ਹੋਇਆ ਕਿ ਧਰਮ ਪ੍ਰਚਾਰ ਲਹਿਰ ਦੌਰਾਨ ਹੋਣ ਵਾਲੇ ਸਾਰੇ ਖਰਚੇ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿੱਚੋਂ ਕੀਤੇ ਜਾਣਗੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93558 (T)

ਮਿਤੀ 25-03 -2025

ਉਤਾਰਾ:
1. ਸਕੱਤਰ ਸਾਹਿਬ, ਧਰਮ ਪ੍ਰਚਾਰ ਕਮੇਟੀ।
2. ਮੈਨੇਜਰ ਜੀ, ਤਖਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ (ਰੋਪੜ)

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

25-3
(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।